ਪ੍ਰਭਾਤੀ ਮਹਲਾ ੫ ॥ ਕੁਰਬਾਣੁ ਜਾਈ ਗੁਰ ਪੂਰੇ ਅਪਨੇ ॥ ਜਿਸੁ ਪ੍ਰਸਾਦਿ ਹਰਿ ਹਰਿ ਜਪੁ ਜਪਨੇ ॥੧॥ ਰਹਾਉ ॥ ਅੰਮ੍ਰਿਤ ਬਾਣੀ ਸੁਣਤ ਨਿਹਾਲ ॥ ਬਿਨਸਿ ਗਏ ਬਿਖਿਆ ਜੰਜਾਲ ॥੧॥ ਸਾਚ ਸਬਦ ਸਿਉ ਲਾਗੀ ਪ੍ਰੀਤਿ ॥ ਹਰਿ ਪ੍ਰਭੁ ਅਪੁਨਾ ਆਇਆ ਚੀਤਿ ॥੨॥ ਨਾਮੁ ਜਪਤ ਹੋਆ ਪਰਗਾਸੁ ॥ ਗੁਰ ਸਬਦੇ ਕੀਨਾ ਰਿਦੈ ਨਿਵਾਸੁ ॥੩॥ ਗੁਰ ਸਮਰਥ ਸਦਾ ਦਇਆਲ ॥ ਹਰਿ ਜਪਿ ਜਪਿ ਨਾਨਕ ਭਏ ਨਿਹਾਲ ॥੪॥੧੧॥ {ਪੰਨਾ 1340-1341}

ਪਦ ਅਰਥ:- ਜਾਈ—ਜਾਈਂ, ਮੈਂ ਜਾਂਦਾ ਹਾਂ। ਜਿਸੁ ਪ੍ਰਸਾਦਿ—ਜਿਸ (ਗੁਰੂ) ਦੀ ਕਿਰਪਾ ਨਾਲ। ਜਪਨੇ—ਜਪਿਆ ਜਾ ਸਕਦਾ ਹੈ।1। ਰਹਾਉ।

ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ। ਨਿਹਾਲ—ਪ੍ਰਸੰਨ-ਚਿੱਤ। ਬਿਖਿਆ—ਮਾਇਆ। ਜੰਜਾਲ—ਫਾਹੀਆਂ।1।

ਸਿਉ—ਨਾਲ। ਸਬਦ—ਸਿਫ਼ਤਿ-ਸਾਲਾਹ। ਚੀਤਿ—ਚਿੱਤ ਵਿਚ।2।

ਜਪਤ—ਜਪਦਿਆਂ। ਪਰਗਾਸੁ—(ਆਤਮਕ ਜੀਵਨ ਦੀ ਸੂਝ ਦਾ) ਚਾਨਣ। ਸਬਦੇ—ਸਬਦਿ, ਸ਼ਬਦ ਦੀ ਰਾਹੀਂ। ਰਿਦੈ—ਹਿਰਦੇ ਵਿਚ।3।

ਸਮਰਥ—ਸਭ ਤਾਕਤਾਂ ਦਾ ਮਾਲਕ। ਜਪਿ—ਜਪ ਕੇ।4।

ਅਰਥ:- ਹੇ ਭਾਈ! ਜਿਸ (ਗੁਰੂ) ਦੀ ਕਿਰਪਾ ਨਾਲ ਸਦਾ ਪਰਮਾਤਮਾ (ਦੇ ਨਾਮ) ਦਾ ਜਾਪ ਜਪਿਆ ਜਾ ਸਕਦਾ ਹੈ, ਮੈਂ ਆਪਣੇ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ (ਆਪਣੇ ਆਪ ਨੂੰ ਗੁਰੂ ਦੇ ਹਵਾਲੇ ਕਰਦਾ ਹਾਂ)।1। ਰਹਾਉ।

ਹੇ ਭਾਈ! (ਮੈਂ ਆਪਣੇ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਦੀ) ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਦੀ ਬਾਣੀ ਸੁਣਦਿਆਂ ਮਨ ਖਿੜ ਆਉਂਦਾ ਹੈ, ਅਤੇ ਮਾਇਆ (ਦੇ ਮੋਹ) ਦੀਆਂ ਫਾਹੀਆਂ ਨਾਸ ਹੋ ਜਾਂਦੀਆਂ ਹਨ।1।

ਹੇ ਭਾਈ! (ਮੈਂ ਆਪਣੇ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਦੀ ਰਾਹੀਂ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਨਾਲ ਪਿਆਰ ਬਣ ਜਾਂਦਾ ਹੈ, ਅਤੇ ਆਪਣਾ ਹਰੀ-ਪ੍ਰਭੂ ਮਨ ਵਿਚ ਆ ਵੱਸਦਾ ਹੈ।2।

ਹੇ ਭਾਈ! (ਮੈਂ ਆਪਣੇ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਦੀ ਕਿਰਪਾ ਨਾਲ ਪਰਮਾਤਮਾ ਦਾ) ਨਾਮ ਜਪਦਿਆਂ (ਮਨ ਵਿਚ ਆਤਮਕ ਜੀਵਨ ਦੀ ਸੂਝ ਦਾ) ਚਾਨਣ ਹੋ ਜਾਂਦਾ ਹੈ, (ਜਿਸ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਪਰਮਾਤਮਾ ਮਨੁੱਖ ਦੇ) ਹਿਰਦੇ ਵਿਚ ਆ ਨਿਵਾਸ ਕਰਦਾ ਹੈ।3।

ਹੇ ਨਾਨਕ! (ਆਖ—ਹੇ ਭਾਈ!) ਗੁਰੂ ਸਭ ਤਾਕਤਾਂ ਦਾ ਮਾਲਕ ਹੈ, ਗੁਰੂ ਸਦਾ ਹੀ ਦਇਆਵਾਨ ਰਹਿੰਦਾ ਹੈ, (ਗੁਰੂ ਦੀ ਮਿਹਰ ਨਾਲ) ਪਰਮਾਤਮਾ ਦਾ ਨਾਮ ਜਪ ਜਪ ਕੇ ਮਨ ਖਿੜਿਆ ਰਹਿੰਦਾ ਹੈ।4।11।